ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

## ਪੰਜਾਬ ਸਰਕਾਰ ਵੱਲੋਂ 'ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ' ਤਹਿਤ ਖ਼ੂਨੀ ਮਾਜਰਾ (ਮੋਹਾਲੀ) ਵਿਖੇ ਨੌਜਵਾਨਾਂ ਨੂੰ ਟ੍ਰੇਨਿੰਗ ਦੇਣ ਲਈ ਸਕਿੱਲ ਸੈਂਟਰ ਸਥਾਪਿਤ-ਕੁਲਦੀਪ ਸਿੰਘ ਵੈਦ

- ਨੌਜਵਾਨਾਂ ਨੂੰ ਵੱਖ-ਵੱਖ ਕਿੱਤਾਮੁਖੀ ਕੋਰਸਾਂ ਦੀ ਦਿੱਤੀ ਜਾਵੇਗੀ ਬਿੱਲਕੁਲ ਮੁਫ਼ਤ ਸਿਖਲਾਈ
- ਸਰਕਾਰ ਵੱਲੋਂ ਹਰ ਸਾਲ 2000 ਉਮੀਦਵਾਰਾਂ ਨੂੰ ਟ੍ਰੇਨਿੰਗ ਦੇਣ ਦਾ ਟੀਚਾ

ਮੋਗਾ ਮਈ 20:

ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 'ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ' ਤਹਿਤ ਰਾਜ ਪੱਧਰ 'ਤੇ ਪੰਜਾਬ ਇੰਸਟੀਚਿਊਟ ਆਫ਼ ਟੈਕਨਾਲੋਜ਼ੀ, ਖ਼ੂਨੀ ਮਾਜਰਾ ਜ਼ਿਲ੍ਹਾ ਮੋਹਾਲੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ) ਵਿਖੇ ਨੌਜਵਾਨਾਂ ਨੂੰ ਟ੍ਰੇਨਿੰਗ ਦੇਣ ਲਈ ਸਕਿੱਲ ਸੈਂਟਰ ਸਥਾਪਿਤ ਕੀਤਾ ਗਿਆ ਹੈ, ਜਿਸ ਵਿੱਚ ਗਰੀਬ ਨੌਜਵਾਨਾਂ ਨੂੰ ਵੱਖ-ਵੱਖ ਕਿੱਤਾਮੁਖੀ ਕੋਰਸਾਂ ਦੀ ਬਿੱਲਕੁਲ ਮੁਫ਼ਤ ਸਿਖਲਾਈ ਦਿੱਤੀ ਜਾਵੇਗੀ ਅਤੇ ਰਿਹਾਇਸ਼ ਦਾ ਵੀ ਮੁਫ਼ਤ ਪ੍ਰਬੰਧ ਹੋਵੇਗਾ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਕੋਰਸਾਂ 'ਚ ਟਰੈਕਟਰ ਮਕੈਨਿਕ, ਪੰਪ ਅਤੇ ਮੋਟਰ ਰਿਪੇਅਰ, ਸੈਂਟਰਲ ਏਅਰ ਕੰਡੀਸ਼ਨਿੰਗ, ਬਿਜਲਈ ਅਤੇ ਘਰੇਲੂ ਉਪਕਰਣ ਰਿਪੇਅਰ, ਰੈਫ਼੍ਰੀਜ਼ਰੇਸ਼ਨ ਅਤੇ ਏਅਰ ਕੰਡੀਸ਼ਨਿੰਗ ਰਿਪੇਅਰ, ਦੋ-ਪਹੀਆ ਤੇ ਤਿੰਨ-ਪਹੀਆ ਵਾਹਨਾਂ ਲਈ ਸਰਵਿਸ ਟੈਕਨੀਸ਼ੀਅਨ, ਪੇਂਟ ਐਪਲੀਕੇਸ਼ਨ ਤਕਨੀਕ ਅਤੇ ਦਫ਼ਤਰੀ ਪ੍ਰਬੰਧ ਆਦਿ ਕੋਰਸ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਥਾਪਿਤ ਇਸ ਟ੍ਰੇਨਿੰਗ ਸੈਂਟਰ/ਅਕੈਡਮੀ ਵੱਲੋਂ ਹਰ ਸਾਲ 2000 ਉਮੀਦਵਾਰਾਂ ਨੂੰ ਟ੍ਰੇਨਿੰਗ ਦੇਣ ਦਾ ਟੀਚਾ ਮਿਥਿਆ ਗਿਆ ਹੈ ਅਤੇ ਇਸ ਟ੍ਰੇਨਿੰਗ ਦਾ ਸਮਾਂ 3 ਮਹੀਨੇ ਰੱਖਿਆ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸਫ਼ਲਤਾ ਪੂਰਵਿਕ ਟ੍ਰੇਨਿੰਗ ਮੁਕੰਮਲ ਕਰਨ ਵਾਲੇ ਉਮੀਦਵਾਰਾਂ ਨੂੰ ਆਈ.ਸੀ.ਆਈ.ਸੀ.ਆਈ ਫ਼ਾਊਡੇਸ਼ਨ ਵੱਲੋਂ ਰੋਜ਼ਗਾਰ ਦੇ ਮੌਕੇ ਉਪਲੱਭਦ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਨੌਜਵਾਨਾਂ ਨੂੰ ਇੰਨ੍ਹਾਂ ਕੋਰਸਾਂ 'ਚ ਵੱਧ ਤੋਂ ਵੱਧ ਗਿਣਤੀ 'ਚ ਭਾਗ ਲੈ ਕੇ ਲਾਭ ਉਠਾਉਣ ਦੀ ਅਪੀਲ ਕੀਤੀ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਸਥਿਤ ਦਫ਼ਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਿਖੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

-----------

ਨੰ: ਪੀ.ਆਰ(ਪ੍ਰੈ ਰੀ)2016/234